# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 02-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਭਾਰਤ ਦੇ ਹਵਾਬਾਜ਼ੀ ਖੇਤਰ ਦੀ, ਵਿਸ਼ਵ ਹਵਾਈ ਆਵਾਜਾਈ ਉਦਯੋਗ ਵਿੱਚ ਇੱਕ ਪ੍ਰਮੁੱਖ ਭੂਮਿਕਾ ਏ ਅਤੇ ਇਹ ਆਤਮ-ਵਿਸ਼ਵਾਸ ਨਾਲ ਭਰਿਆ ਹੋਇਆ ਏ ।
- ਭਾਰਤ ਦੀ ਕੁੱਲ ਵਸਤਾਂ ਅਤੇ ਸੇਵਾਵਾਂ ਟੈਕਸ- GST ਵਸੂਲੀ, ਮਈ ਵਿਚ ਲਗਾਤਾਰ ਦੂਜੇ ਮਹੀਨੇ, 2 ਲੱਖ ਕਰੋੜ ਰੁਪਏ ਤੋਂ ਪਾਰ ਹੋਈ ।
- ਪੰਜਾਬ ਕੈਬਨਿਟ ਵੱਲੋਂ ਨਵੀਂ ਲੈਂਡ ਪੂਲਿੰਗ ਨੀਤੀ ਨੂੰ ਪ੍ਰਵਾਨਗੀ I
- ਚੰਡੀਗੜ੍ਹ ਨੇ 43ਵੀਂ ਜੂਨੀਅਰ ਨੈਸ਼ਨਲ ਸਾਫਟਬਾਲ ਚੈਂਪੀਅਨਸ਼ਿਪ ਵਿੱਚ ਮੁੰਡਿਆਂ ਦਾ ਖਿਤਾਬ ਜਿੱਤਿਆ I
- IPL ਕ੍ਰਿਕੇਟ ਵਿੱਚ, ਪੰਜਾਬ ਕਿੰਗਜ਼ ਦਾ ਮੁਕਾਬਲਾ ਭਲਕੇ ਫਾਈਨਲ ਵਿੱਚ, ਰਾਇਲ ਚੈਲੇਂਜਰਜ਼ ਬੈਂਗਲੁਰੁ ਨਾਲ ਹੋਵੇਗਾ ।

ਹੁਣ ਖਬਰਾਂ ਵਿਸਥਾਰ ਨਾਲ.....

-----------------------------------------------------

ਭਾਰਤ ਦੀ ਕੁੱਲ ਵਸਤਾਂ ਅਤੇ ਸੇਵਾਵਾਂ ਟੈਕਸ-GST ਵਸੂਲੀ ਲਗਾਤਾਰ ਦੂਜੇ ਮਹੀਨੇ 2 ਲੱਖ ਕਰੋੜ ਰੁਪਏ ਦੇ ਅੰਕੜੇ ਨੂੰ ਪਾਰ ਕਰ ਗਈ ਏ । ਕੇਂਦਰੀ ਵਿੱਤ ਮੰਤਰਾਲੇ ਦੇ ਅੰਕੜਿਆਂ ਮੁਤਾਬਿਕ , ਮਈ ਵਿੱਚ ਕੁੱਲ ਜੀ.ਐਸ.ਟੀ ਵਸੂਲੀ 2 ਕਰੋੜ 1 ਲੱਖ ਰੁਪਏ ਰਹੀ , ਜੋ ਕਿ ਪਿਛਲੇ ਸਾਲ ਮਈ ਵਿੱਚ ਕੀਤੀ ਗਈ 1 ਕਰੋੜ 72 ਲੱਖ ਰੁਪਏ ਨਾਲੋਂ 16.4 ਫੀਸਦੀ ਵੱਧ ਏ । ਇਸ ਸਾਲ ਅਪ੍ਰੈਲ ਵਿੱਚ ਜੀ.ਐਸ.ਟੀ ਵਸੂਲੀ 12.6 ਫੀਸਦੀ ਵਧ ਕੇ 2 ਕਰੋੜ 37 ਲੱਖ ਰੁਪਏ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚ ਗਈ ਏ । ਮਈ ਵਿੱਚ ਸਾਲ-ਦਰ-ਸਾਲ ਵਾਧਾ, ਦਰਾਮਦਾਂ ਤੋਂ ਇਕੱਠੇ ਕੀਤੇ ਗਏ ਜੀ.ਐਸ.ਟੀ ਵਿੱਚ 25.2 ਫੀਸਦੀ ਅਤੇ ਘਰੇਲੂ ਲੈਣ-ਦੇਣ ਤੋਂ 13.7 ਫੀਸਦੀ ਵਾਧੇ ਨਾਲ ਹੋਇਆ । ਦਰਾਮਦਾਂ ਤੋਂ ਕੁੱਲ ਜੀ.ਐਸ.ਟੀ ਮਾਲੀਆ 51 ਹਜ਼ਾਰ 266 ਕਰੋੜ ਰੁਪਏ ਸੀ, ਜਦੋਂ ਕਿ ਘਰੇਲੂ ਸਰੋਤਾਂ ਨੇ 1 ਕਰੋੜ 50 ਲੱਖ ਰੁਪਏ ਦਾ ਯੋਗਦਾਨ ਪਾਇਆ। ਮਈ ਵਿੱਚ ਰਿਫੰਡ ਤੋਂ ਬਾਅਦ ਕੁੱਲ ਜੀ.ਐਸ.ਟੀ ਮਾਲੀਆ 1 ਕਰੋੜ 74 ਲੱਖ ਰੁਪਏ ਰਿਹਾ, ਜੋ ਕਿ ਪਿਛਲੇ ਸਾਲ ਮਈ ਵਿੱਚ ਇਕੱਠੇ ਕੀਤੇ ਗਏ 1 ਕਰੋੜ 44 ਲੱਖ ਰੁਪਏ ਨਾਲੋਂ 20.4 ਫੀਸਦੀ ਵੱਧ ਏ । ਮਈ ਮਹੀਨੇ ਲਈ ਕੁੱਲ ਰਿਫੰਡ 27 ਹਜ਼ਾਰ 210 ਕਰੋੜ ਰੁਪਏ ਰਿਹਾ, ਜੋ ਕਿ ਸਾਲ-ਦਰ-ਸਾਲ ਦੇ ਆਧਾਰ 'ਤੇ 4 ਫੀਸਦੀ ਘੱਟ ਏ ।

---------------------------------------------------------

ਪੰਜਾਬ ਮੰਤਰੀ ਮੰਡਲ ਨੇ ਅੱਜ ਨਵੀਂ ਲੈਂਡ ਪੂਲਿੰਗ ਨੀਤੀ ਨੂੰ ਮਨਜ਼ੂਰੀ ਦੇ ਦਿੱਤੀ ਏ , ਜਿਸਦਾ ਉਦੇਸ਼ ਗੈਰ-ਕਾਨੂੰਨੀ ਬਸਤੀਵਾਦ ਨੂੰ ਰੋਕਣਾ ਏ । ਇਸ ਨੀਤੀ ਦੇ ਤਹਿਤ, ਕਿਸਾਨ ਸਵੈ-ਇੱਛਾ ਨਾਲ ਆਪਣੀ ਜ਼ਮੀਨ ਵਿਕਾਸ ਲਈ ਦੇ ਸਕਦੇ ਨੇ ਅਤੇ ਇੱਕ ਏਕੜ ਜ਼ਮੀਨ ਦੇ ਬਦਲੇ ਇੱਕ ਰਿਹਾਇਸ਼ੀ ਪਲਾਟ ਅਤੇ ਇੱਕ ਵਪਾਰਕ ਸਥਾਨ ਪ੍ਰਾਪਤ ਕਰ ਸਕਦੇ ਨੇ । ਪੰਜਾਬ ਦੇ ਨਵਿਆਉਣਯੋਗ ਊਰਜਾ ਮੰਤਰੀ ਅਮਨ ਅਰੋੜਾ ਨੇ ਮੀਟਿੰਗ ਤੋਂ ਬਾਅਦ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਸਪੱਸ਼ਟ ਕੀਤਾ ਕਿ ਇਹ ਨੀਤੀ ਪੂਰੀ ਤਰ੍ਹਾਂ ਸਵੈ-ਇੱਛਤ ਏ । ਨਵੀਂ ਨੀਤੀ ਦਾ ਉਦੇਸ਼ ਜ਼ਮੀਨ ਮਾਲਕਾਂ, ਪ੍ਰਮੋਟਰਾਂ ਅਤੇ ਕੰਪਨੀਆਂ ਨੂੰ ਵਿਕਾਸ ਪ੍ਰਕਿਰਿਆ ਵਿੱਚ ਹਿੱਸੇਦਾਰ ਵਜੋਂ ਸ਼ਾਮਲ ਕਰਨਾ ਅਤੇ ਜ਼ਮੀਨ ਮਾਲਕਾਂ ਵਿੱਚ ਜ਼ਮੀਨ ਪੂਲਿੰਗ ਵਿੱਚ ਦਿਲਚਸਪੀ ਵਧਾਉਣਾ ਏ । ਸੋਧੀ ਹੋਈ ਯੋਜਨਾ ਨੂੰ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਮਹੱਤਵਪੂਰਨ ਤੌਰ 'ਤੇ ਲਾਭ ਪਹੁੰਚਾਉਣ ਲਈ ਤਰਕ-ਸੰਗਤ ਬਣਾਇਆ ਗਿਆ ਏ , ਜਿਸ ਨਾਲ ਜ਼ਮੀਨ ਮਾਲਕਾਂ ਨੂੰ ਵਧੇਰੇ ਬਦਲ ਮਿਲਣਗੇ, ਜੋ ਸਮੂਹ ਰਿਹਾਇਸ਼ ਅਤੇ ਯੋਜਨਾਬੱਧ ਵਿਕਾਸ ਨੂੰ ਉਤਸਹਹਿਤ ਕਰਨਗੇ , ਜਿਸ ਨਾਲ ਅਖੀਰ ਵਿੱਚ ਆਮ ਆਦਮੀ ਨੂੰ ਲਾਭ ਹੋਵੇਗਾ। ਨੀਤੀ ਹਰੇਕ ਹਿੱਸੇਦਾਰ ਨੂੰ ਪ੍ਰਕਿਰਿਆ ਵਿੱਚ ਸ਼ਾਮਲ ਕਰਕੇ ਸੰਪੂਰਨ ਵਿਕਾਸ ਨੂੰ ਯਕੀਨੀ ਬਣਾਉਣ

ਲਈ ਤਿਆਰ ਕੀਤੀ ਗਈ ਏ। ਕਿਸਾਨਾਂ ਕੋਲ ਜ਼ਮੀਨ ਨੂੰ ਖੁਦ ਵਿਕਸਤ ਕਰਨ ਜਾਂ ਇਸਨੂੰ ਨਿੱਜੀ ਡਿਵੈਲਪਰਾਂ ਜਾਂ ਸਰਕਾਰੀ ਏਜੰਸੀਆਂ ਨੂੰ ਸੌਂਪਣ ਦਾ ਵਿਕਲਪ ਹੋਵੇਗਾ। ਇਹ ਪਹਿਲ ਸ਼ੁਰੂ ਵਿੱਚ ਸੂਬੇ ਭਰ ਦੇ 27 ਸ਼ਹਿਰਾਂ ਵਿੱਚ ਸ਼ੁਰੂ ਕੀਤੀ ਜਾਵੇਗੀ।

---------------------------------------------------

ਦੇਸ਼ ਭਰ ਵਿੱਚ ਕੋਵਿਡ-19 ਦੇ ਤਿੰਨ ਹਜ਼ਾਰ 960 ਤੋਂ ਵੱਧ ਸਰਗਰਮ ਮਾਮਲੇ ਸਾਹਮਣੇ ਆਏ ਨੇ। ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਅਨੁਸਾਰ, ਕੇਰਲ ਵਿੱਚ ਸਭ ਤੋਂ ਵੱਧ 1435 ਮਾਮਲੇ ਸਾਹਮਣੇ ਆਏ ਹਨ, ਇਸ ਤੋਂ ਬਾਅਦ ਮਹਾਰਾਸ਼ਟਰ ਵਿੱਚ 506 ਅਤੇ ਦਿੱਲੀ ਵਿੱਚ 483 ਮਾਮਲੇ ਨੇ। ਆਕਾਸ਼ਵਾਣੀ ਖਬਰਾਂ ਨਾਲ ਇੱਕ ਵਿਸ਼ੇਸ਼ ਇੰਟਰਵਿਊ ਵਿੱਚ, ਡਾ: ਰਾਮ ਮਨੋਹਰ ਲੋਹੀਆ ਹਸਪਤਾਲ ਦੇ ਕੋਵਿਡ ਯੂਨਿਟ ਦੇ ਇੰਚਾਰਜ ਡਾ: ਪਵਨ ਕੁਮਾਰ ਨੇ ਕਿਹਾ ਏ ਕਿ ਹਸਪਤਾਲ ਕੋਵਿਡ ਮਰੀਜ਼ਾਂ ਦੇ ਪ੍ਰਬੰਧਨ ਲਈ ਪੂਰੀ ਤਰ੍ਹਾਂ ਤਿਆਰ ਏ। ਉਨ੍ਹਾਂ ਕਿਹਾ ਕਿ ਹਸਪਤਾਲ ਵਿੱਚ ਇਸ ਸਮੇਂ 9 ਬਿਸਤਰਿਆਂ ਵਾਲਾ ਆਈਸੋਲੇਸ਼ਨ ਕੇਂਦਰ ਏ। ਡਾ: ਪਵਨ ਨੇ ਨਵੇਂ ਸਰੂਪ ਨੂੰ ਹਲਕਾ ਦੱਸਦਿਆਂ, ਲੋਕਾਂ ਨੂੰ ਭਰੋਸਾ ਦਿੱਤਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਏ। ਉਨ੍ਹਾਂ ਦੱਸਿਆ ਕਿ ਹੁਣ ਤੱਕ ਚਾਰ ਕੋਵਿਡ-19 ਮਰੀਜ਼ ਹਸਪਤਾਲ ਵਿੱਚ ਦਾਖਲ

ਕਰਵਾਏ ਗਏ ਨੇ ਅਤੇ ਉਹ ਸਾਰੇ ਠੀਕ ਹੋ ਗਏ ਨੇ ।

---------------------------------------------------------------

ਪੰਜਾਬ, 9ਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ 450ਵੇਂ ਸਥਾਪਨਾ ਦਿਵਸ ਨੂੰ, ਪੂਰੀ ਸ਼ਾਨੋ-ਸ਼ੌਕਤ ਅਤੇ ਆਧੁਨਿਕ ਢੰਗ ਨਾਲ ਵਿਸ਼ਵ ਪੱਧਰ 'ਤੇ ਮਨਾਉਣ ਦੀ ਤਿਆਰੀ ਕਰ ਰਿਹਾ ਏ । ਸ਼ਹੀਦੀ ਸ਼ਤਾਬਦੀ ਇਸ ਸਾਲ ਨਵੰਬਰ ਵਿੱਚ ਆ ਰਹੀ ਏ, ਜਦੋਂ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਸਥਾਪਨਾ ਦਿਵਸ 2027 ਵਿੱਚ ਮਨਾਇਆ ਜਾਵੇਗਾ । ਇਹ ਦੋਵੇਂ ਇਤਿਹਾਸਕ ਮੌਕੇ ਆਧੁਨਿਕ ਸਾਧਨਾਂ, ਤਕਨਾਲੋਜੀ ਅਤੇ ਆਲਮੀ ਮੰਚਾਂ ਦੀ ਵਰਤੋਂ ਕਰਕੇ ਮਨਾਏ ਜਾਣਗੇ ਤਾਂ ਜੋ ਗੁਰੂਆਂ ਦੀ ਵਿਰਾਸਤ ਪੰਜਾਬ ਅਤੇ ਭਾਰਤ ਤੋਂ ਪਰੇ, ਦੁਨੀਆ ਦੇ ਹਰ ਕੋਨੇ ਤੱਕ ਪਹੁੰਚ ਸਕੇ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਸੰਗਤ , ਧਾਰਮਿਕ ਸੰਗਠਨਾਂ ਅਤੇ ਨਾਗਰਿਕਾਂ ਤੋਂ ਸੁਝਾਅ ਮੰਗਣ ਲਈ ਪਹਿਲਾਂ ਹੀ ਇੱਕ ਵਟਸਐਪ ਨੰਬਰ, ਈਮੇਲ ਆਈ.ਡੀ ਅਤੇ ਅਧਿਕਾਰਤ ਵੈੱਬਸਾਈਟ ਬਣਾਈ ਏ ।

---------------------------------------------------------------

ਪਸ਼ੂ ਰੋਗਾਂ ਦੀ ਰੋਕਥਾਮ ਬਾਰੇ ਰਾਸ਼ਟਰੀ ਪ੍ਰੋਗਰਾਮ ਤਹਿਤ, ਮੂੰਹ ਖੁਰ ਤੋਂ ਬਚਾਅ ਦੀਆਂ ਗਤੀਵਿਧੀਆਂ     ਚੰਡੀਗੜ੍ਹ ਦੇ ਪਸ਼ੂ ਪਾਲਣ ਅਤੇ ਮੱਛੀ

ਪਾਲਣ ਵਿਭਾਗ ਵਲੋਂ ਸਫਲਤਾਪੂਰਵਕ ਕਾਰਵਾਈਆਂ ਜਾ ਰਹੀਆਂ ਨੇ । ਮੂੰਹ ਖੁਰ ਤੋਂ ਬਚਾਅ ਦੇ ਟੀਕਾਕਰਨ ਦਾ 6ਵਾਂ ਗੇੜ ਚੰਡੀਗੜ੍ਹ ਦੇ ਸਾਰੇ ਪਿੰਡਾਂ ਵਿੱਚ 19 ਮਈ ਤੋਂ ਸ਼ੁਰੂ ਕੀਤਾ ਗਿਆ ਸੀ ਜੋ 31 ਮਈ ਨੂੰ ਸਮਾਪਤ ਹੋਇਆ । ਵਿਭਾਗ ਦੇ ਸਕੱਤਰ ਹਰੀ ਕਲੀਕਟ ਨੇ ਕਿਹਾ ਕਿ ਮੂੰਹ ਖੁਰ ਜਾਨਵਰਾਂ ਦੀਆਂ ਸਭ ਤੋਂ ਗੰਭੀਰ ਬਿਮਾਰੀਆਂ ਵਿੱਚੋਂ ਇੱਕ ਏ ਅਤੇ ਵਿਸ਼ਵ ਪੱਧਰ 'ਤੇ ਨਿਯੰਤਰਣ ਅਤੇ ਖਾਤਮੇ ਲਈ ਤਰਜੀਹੀ ਬਿਮਾਰੀ ਵਜੋਂ ਮਾਨਤਾ ਪ੍ਰਾਪਤ ਏ । ਵਿਭਾਗ ਨੇ ਪਸ਼ੂ ਪਾਲਕਾਂ ਦੇ ਸਾਰੇ ਵੱਡੇ ਅਤੇ ਛੋਟੇ ਜਾਨਵਰਾਂ ਨੂੰ ਮੂੰਹ ਖੁਰ ਦੇ ਵਿਰੁੱਧ ਮੁਫਤ ਟੀਕਾਕਰਨ ਕੀਤਾ ਏ । ਪਸ਼ੂ ਪਾਲਣ ਅਤੇ ਮੱਛੀ ਪਾਲਣ ਵਿਭਾਗ ਦੇ ਡਾਇਰੈਕਟਰ ਨਵੀਨ ਨੇ ਦੱਸਿਆ ਕਿ ਹੁਣ ਤੱਕ 1 ਲਖ 13 ਹਜ਼ਾਰ 268 ਟੀਕੇ ਲਗਾਏ ਗਏ ਨੇ । ਉਨ੍ਹਾਂ ਕਿਹਾ ਕਿ ਟੀਕਾਕਰਨ ਦੇ ਨਤੀਜੇ ਵਜੋਂ ਜਾਨਵਰਾਂ ਦੇ ਨਾਲ-ਨਾਲ ਮਨੁੱਖਾਂ ਵਿੱਚ ਵੀ ਬਿਮਾਰੀਆਂ ਦਾ ਪ੍ਰਭਾਵਸ਼ਾਲੀ ਪ੍ਰਬੰਧਨ ਹੋਵੇਗਾ। ਉਨ੍ਹਾਂ ਨੇ ਵਾਇਰਲ ਇਨਫੈਕਸ਼ਨ ਦਾ ਜਲਦੀ ਤੋਂ ਜਲਦੀ ਮੁਕਾਬਲਾ ਕਰਨ ਲਈ ਸਫਾਈ ਸਥਿਤੀਆਂ ਬਣਾਈ ਰੱਖਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ।

---------------------------------------------------------

ਆਪ੍ਰੇਸ਼ਨ ਸਿੰਦੂਰ ਤੋਂ ਬਾਅਦ, ਦੇਸ਼ ਭਰ ਦੀਆਂ ਸਾਰੀਆਂ ਸੁਰੱਖਿਆ ਏਜੰਸੀਆਂ ਖ਼ਾਸ ਤੌਰ 'ਤੇ ਚੌਕਸ ਨੇ । ਇਸੇ ਤਹਿਤ ਪਾਕਿਸਤਾਨ ਨਾਲ

ਲੱਗਦੇ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਮੌਕ ਡਰਿੱਲ ਅਤੇ ਚੈਕਿੰਗ ਮੁਹਿੰਮ ਚਲਾਈ ਜਾ ਰਹੀ ਏ ਤਾਂ ਜੋ ਦੇਸ਼ ਦੀ ਸੁਰੱਖਿਆ ਵਿੱਚ ਕੋਈ ਕੁਤਾਹੀ ਨਾ ਹੋਵੇ । ਅੱਜ ਪਠਾਨਕੋਟ ਛਾਉਣੀ ਰੇਲਵੇ ਸਟੇਸ਼ਨ 'ਤੇ ਜੀ.ਆਰ.ਪੀ ਵੱਲੋਂ ਚੈਕਿੰਗ ਮੁਹਿੰਮ ਚਲਾਈ ਗਈ। ਜੀ.ਆਰ.ਪੀ ਜਲੰਧਰ ਡਿਵੀਜ਼ਨ ਦੇ ਐਸ.ਪੀ ਆਪ੍ਰੇਸ਼ਨ ਗੁਰਵਿੰਦਰ ਸਿੰਘ ਸਿੱਧੂ ਨੇ ਵੀ ਇਸ ਮੁਹਿੰਮ ਬਾਰੇ ਦਸਿਆ ।**BYTE:**

---------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਵੱਲੋਂ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਦੀ ਅਗਵਾਈ ਹੇਠ ਮਈ ਮਹੀਨੇ ਦੌਰਾਨ 14 ਭਗੌੜੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਇਹ ਪ੍ਰਾਪਤੀ ਜਲੰਧਰ ਪੁਲਿਸ ਵੱਲੋਂ ਫ਼ਰਾਰ ਅਪਰਾਧੀਆਂ ਖਿਲਾਫ਼ ਕੀਤੀ ਜਾ ਰਹੀ ਕਾਰਵਾਈ ਵਿੱਚ ਇੱਕ ਮਹੱਤਵਪੂਰਣ ਮੀਲ ਪੱਥਰ ਏ । ਪੁਲਿਸ ਕਮਿਸ਼ਨਰ ਜਲੰਧਰ ਨੇ ਦੱਸਿਆ ਕਿ ਟੀਮਾਂ ਵੱਲੋਂ ਤਕਨੀਕੀ ਸਹਾਇਤਾ ਅਤੇ ਰਣਨੀਤਕ ਯੋਜਨਾਬੰਦੀ ਦੀ ਸਹਾਇਤਾ ਅਤੇ ਤਾਲਮੇਲ ਨਾਲ ਛਾਪੇਮਾਰੀ ਕਰਕੇ ਵੱਖ-ਵੱਖ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ 14 ਭਗੌੜੇ ਅਪਰਾਧੀਆਂ ਨੂੰ ਕਾਬੂ ਕੀਤਾ ਗਿਆ । ਉਨ੍ਹਾਂ ਕਿਹਾ ਕਿ ਸਿਰਫ਼ 30 ਦਿਨਾਂ ਵਿੱਚ 14 ਭਗੌੜੇ ਅਪਰਾਧੀਆਂ ਦੀ ਗ੍ਰਿਫ਼ਤਾਰੀ, ਕਮਿਸ਼ਨਰੇਟ

ਪੁਲਿਸ ਜਲੰਧਰ ਦੇ ਸਮਰਪਿਤ ਯਤਨਾਂ ਨੂੰ ਦਰਸਾਉਂਦੀ ਏ। ਉਨ੍ਹਾਂ ਕਿਹਾ ਕਿ ਕਿ ਕਾਨੂੰਨ ਤੋਂ ਬਚਣਾ ਕੋਈ ਬਦਲ  ਨਹੀਂ ਏ , ਕਾਨੂੰਨੀ ਕਾਰਵਾਈ ਤੋਂ ਬਚਣ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ।

---------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਕਚਹਿਰੀ ਕੰਪਲੈਕਸ ਅਤੇ ਮਹਾਰਾਜਾ ਰਣਜੀਤ ਸਿੰਘ ਕਾਲਜ  ਵਿਖੇ,  ਸਿਵਲ ਜੱਜ  ਹਿਮਾਂਸ਼ੂ ਅਰੋੜਾ ਵੱਲੋਂ ਵੱਖ-ਵੱਖ ਤਰ੍ਹਾਂ ਦੇ ਫਲਦਾਰ ਬੂਟੇ  ਲਗਾਏ ਗਏ । ਇਸ ਮੌਕੇ ਉਨ੍ਹਾਂ ਦੱਸਿਆ ਕਿ ਚੰਗੇ ਤੇ ਸ਼ਾਂਤ ਵਾਤਾਵਰਨ ਵਿਚ ਚੰਗੀ ਸਖਸ਼ੀਅਤ ਦਾ ਵਿਕਾਸ ਪੈਦਾ ਹੁੰਦਾ ਏ। ਦਰੱਖਤਾਂ ਦੀ ਕਟਾਈ ਕਾਰਨ ਸਾਨੂੰ ਮੀਂਹ ਦੀ ਘਾਟ ਅਤੇ ਤਾਪਮਾਨ ਵਿੱਚ ਵਾਧੇ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਏ ਜਿਸ ਦੇ ਮੱਦੇਨਜ਼ਰ ਸਾਨੂੰ ਵੱਧ ਤੋਂ ਵੱਧ ਰੁੱਖ ਲਾ ਕੇ ਵਾਤਾਵਰਨ ਨੂੰ ਬਚਾਉਣ ਦਾ ਫਰਜ਼ ਬਣਦਾ ਏ ।

---------------------------------------------------------

ਪੰਜਾਬ ਬਾਲ ਭਲਾਈ ਕੌਂਸਲ ਵੱਲੋਂ ਅੱਜ ਤੋਂ 6 ਤੋਂ 14 ਸਾਲ ਦੇ ਬੱਚਿਆਂ ਲਈ ਬਾਲ ਭਵਨ ਮੋਹਾਲੀ ਵਿਖੇ ਇੱਕ ਸਮਰ ਕੈਂਪ ਸ਼ੁਰੂ ਕੀਤਾ ਗਿਆ। ਇਹ ਕੈਂਪ 2 ਜੂਨ ਤੋਂ 14 ਜੂਨ ਤੱਕ ਜਾਰੀ ਰਹੇਗਾ ਅਤੇ ਸਮਾਪਤੀ ਸਮਾਗਮ ਵਿਚ ਬੱਚੇ ਕੈਂਪ ਦੌਰਾਨ ਸਿੱਖੀਆਂ ਗਈਆਂ ਗਤੀਵਿਧੀਆਂ ਦਾ

ਪ੍ਰਦਰਸ਼ਨ ਕਰਨਗੇ। ਕੌਂਸਲ ਦੀ ਸਕੱਤਰ ਪ੍ਰੀਤਮ ਸੰਧੂ ਨੇ ਦੱਸਿਆ ਕਿ ਇਸ ਦਾ ਮੁੱਖ ਉਦੇਸ਼ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਨੂੰ ਵੱਖ-ਵੱਖ ਗਤੀਵਿਧੀਆਂ ਵਿੱਚ ਰੁੱਝੇ ਰੱਖਣਾ ਅਤੇ ਉਨ੍ਹਾਂ ਦੀ ਸਿਰਜਣਾਤਮਕਤਾ ਨੂੰ ਵਧਾਉਣਾ ਏ । ਉਨ੍ਹਾਂ ਕਿਹਾ ਕਿ ਯੋਗ, ਡਾਂਸ, ਸੰਗੀਤ, ਮੂਰਤੀ ਨਿਰਮਾਣ, ਭੰਗੜਾ ਵਰਗੀਆਂ ਗਤੀਵਿਧੀਆਂ ਹਰ ਰੋਜ਼ ਕਾਰਵਾਈਆਂ ਜਾਣਗੀਆਂ।

---

ਚੰਡੀਗੜ੍ਹ ਸਾਫਟਬਾਲ ਐਸੋਸੀਏਸ਼ਨ ਵਲੋਂ ਕਾਰਵਾਈ ਪੰਜ ਦਿਨਾਂ 43ਵੀਂ ਜੂਨੀਅਰ ਨੈਸ਼ਨਲ ਸਾਫਟਬਾਲ ਚੈਂਪੀਅਨਸ਼ਿਪ ਅੱਜ ਪੰਜਾਬ ਯੂਨੀਵਰਸਿਟੀ ਵਿਖੇ ਸਮਾਪਤ ਹੋ ਗਈ, ਜਿਸ ਵਿੱਚ 22 ਸੂਬਿਆਂ ਨੇ ਹਿੱਸਾ ਲਿਆ । ਮੁੱਖ ਮਹਿਮਾਨ ਚੰਡੀਗੜ੍ਹ ਦੇ ਮੁੱਖ ਸਕੱਤਰ ਰਾਜੀਵ ਵਰਮਾ ਨੇ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ । ਰਾਜੀਵ ਵਰਮਾ ਨੇ ਜੇਤੂਆਂ ਨੂੰ ਵਧਾਈ ਦਿੱਤੀ। ਉਨ੍ਹਾਂ ਭਰੋਸਾ ਦਿੱਤਾ ਕਿ ਚੰਡੀਗੜ੍ਹ ਸ਼ਹਿਰ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਹਰ ਮਹੀਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੀਆਂ ਚੈਂਪੀਅਨਸ਼ਿਪਾਂ ਦੀ ਮੇਜ਼ਬਾਨੀ ਕਰਨ ਜਾ ਰਿਹਾ ਏ । ਉਨ੍ਹਾਂ ਨੇ ਖਿਡਾਰੀਆਂ ਅਤੇ ਕੋਚਾਂ ਨੂੰ ਸਖ਼ਤ ਮਿਹਨਤ ਕਰਨ, ਸ਼ਾਨਦਾਰ ਚੰਡੀਗੜ੍ਹ

ਖੇਡ ਨੀਤੀ ਦੇ ਲਾਭਾਂ ਦੀ ਵਰਤੋਂ ਕਰਨ ਅਤੇ ਸ਼ਹਿਰ ਨੂੰ ਮਾਣ ਦਿਵਾਉਣ ਲਈ ਪ੍ਰੇਰਿਤ ਕੀਤਾ। ਮੁੰਡਿਆਂ ਦੇ ਵਰਗ ਵਿੱਚ, ਚੰਡੀਗੜ੍ਹ ਦੀ ਟੀਮ, ਚੈਂਪੀਅਨਸ਼ਿਪ ਵਿਚ ਜੇਤੂ ਰਹੀ ਜਦੋਂ ਕਿ ਮੱਧ ਪ੍ਰਦੇਸ਼ ਦੂਜੇ ਸਥਾਨ 'ਤੇ ਅਤੇ ਮਹਾਰਾਸ਼ਟਰ ਟੂਰਨਾਮੈਂਟ ਵਿੱਚ ਤੀਜੇ ਸਥਾਨ 'ਤੇ ਰਿਹਾ। ਕੁੜੀਆਂ ਦੇ ਵਰਗ ਵਿੱਚ, ਮੱਧ ਪ੍ਰਦੇਸ਼ ਨੇ ਖਿਤਾਬ ਜਿੱਤਿਆ, ਜਦੋਂ ਕਿ ਛੱਤੀਸਗੜ੍ਹ ਟੂਰਨਾਮੈਂਟ ਵਿੱਚ ਤੀਜੇ ਸਥਾਨ 'ਤੇ ਰਿਹਾ।ਇਸ ਮੌਕੇ ਹੋਰ ਪਤਵੰਤੇ ਵੀ ਮੌਜੂਦ ਰਹੇ

---------------------------------------------------------------------

IPL ਕ੍ਰਿਕੇਟ ਵਿੱਚ, ਬੀਤੀ ਰਾਤ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਹੋਏ ਦੂਜੇ ਕੁਆਲੀਫਾਇਰ ਵਿੱਚ, ਪੰਜਾਬ ਕਿੰਗਜ਼, ਮੁੰਬਈ ਇੰਡੀਅਨਜ਼ ਨੂੰ 5 ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚ ਗਈ ਏ । ਮੁੰਬਈ ਇੰਡੀਅਨਜ਼ ਵੱਲੋਂ ਦਿੱਤੇ ਗਏ 204 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਪੰਜਾਬ ਕਿੰਗਜ਼ ਨੇ ਇੱਕ ਓਵਰ ਬਾਕੀ ਰਹਿੰਦਿਆਂ ਪੰਜ ਵਿਕਟਾਂ 'ਤੇ 207 ਦੌੜਾਂ ਬਣਾ ਕੇ ਜਿੱਤ ਹਾਸਿਲ ਕਰ ਲਈ। ਪੰਜਾਬ ਕਿੰਗਜ਼ ਦੇ ਕਪਤਾਨ ਸ਼੍ਰੇਅਸ ਅਈਅਰ ਨੇ ਸਭ ਤੋਂ ਵੱਧ 87 ਦੌੜਾਂ ਬਣਾਈਆਂ ਜਦੋਂ ਕਿ ਨੇਹਾਲ ਵਢੇਰਾ ਨੇ 48 ਦੌੜਾਂ ਦਾ ਯੋਗਦਾਨ ਪਾਇਆ। ਮੁੰਬਈ ਇੰਡੀਅਨਜ਼ ਲਈ, ਅਸ਼ਵਨੀ ਕੁਮਾਰ ਨੇ ਦੋ ਵਿਕਟਾਂ

ਲਈਆਂ। ਇਸ ਜਿੱਤ ਦੇ ਬਾਅਦ ਹੁਣ ਪੰਜਾਬ ਕਿੰਗਜ਼ ਭਲਕੇ ਅਹਿਮਦਾਬਾਦ ਵਿੱਚ ਹੋਣ ਵਾਲੇ ਫਾਈਨਲ ਵਿੱਚ, ਰਾਇਲ ਚੈਲੇਂਜਰਜ਼ ਬੈਂਗਲੁਰੂ ਖਿਲਾਫ ਖੇਡੇਗਾ ਅਤੇ IPL ਦਾ ਆਪਣਾ ਪਹਿਲਾ ਖਿਤਾਬ ਜਿੱਤਣ ਦੀ ਕੋਸ਼ਿਸ਼ ਕਰੇਗਾ ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਭਾਰਤ ਦੇ ਹਵਾਬਾਜ਼ੀ ਖੇਤਰ ਦੀ, ਵਿਸ਼ਵ ਹਵਾਈ ਆਵਾਜਾਈ ਉਦਯੋਗ ਵਿੱਚ ਇੱਕ ਪ੍ਰਮੁੱਖ ਭੂਮਿਕਾ ਏ ਅਤੇ ਇਹ ਆਤਮ-ਵਿਸ਼ਵਾਸ ਨਾਲ ਭਰਿਆ ਹੋਇਆ ਏ ।
- ਭਾਰਤ ਦੀ ਕੁੱਲ ਵਸਤਾਂ ਅਤੇ ਸੇਵਾਵਾਂ ਟੈਕਸ-GST ਵਸੂਲੀ, ਮਈ ਵਿਚ ਲਗਾਤਾਰ ਦੂਜੇ ਮਹੀਨੇ, 2 ਲੱਖ ਕਰੋੜ ਰੁਪਏ ਤੋਂ ਪਾਰ ਹੋਈ ।
- ਪੰਜਾਬ ਕੈਬਨਿਟ ਵੱਲੋਂ ਨਵੀਂ ਲੈਂਡ ਪੂਲਿੰਗ ਨੀਤੀ ਨੂੰ ਪ੍ਰਵਾਨਗੀ I
- ਚੰਡੀਗੜ੍ਹ ਨੇ 43ਵੀਂ ਜੂਨੀਅਰ ਨੈਸ਼ਨਲ ਸਾਫਟਬਾਲ ਚੈਂਪੀਅਨਸ਼ਿਪ ਵਿੱਚ ਮੁੰਡਿਆਂ ਦਾ ਖਿਤਾਬ ਜਿੱਤਿਆ I
- IPL ਕ੍ਰਿਕੇਟ ਵਿੱਚ, ਪੰਜਾਬ ਕਿੰਗਜ਼ ਦਾ ਮੁਕਾਬਲਾ ਭਲਕੇ ਫਾਈਨਲ ਵਿੱਚ, ਰਾਇਲ ਚੈਲੇਂਜਰਜ਼ ਬੈਂਗਲੁਰੂ ਨਾਲ ਹੋਵੇਗਾ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !